# ਸੋਮਵਾਰ 12 ਮਾਰਚ 2018 ਤੋਂ ਐਤਵਾਰ 18 ਮਾਰਚ 2018 ਤੱਕ

- 14.3.18 ਬੁੱਧਵਾਰ: - ਚੇਤਰ ਦੀ ਸੰਗ੍ਰਾਂਦ ਦਾ ਦਿਨ ਹੈ, ਗੁਰਗੱਦੀ ਸ੍ਰੀ ਗੁਰੂ ਹਰ ਰਾਇ ਸਾਹਿਬ ਜੀ
- 4.30 ਵਜ਼ੇ:- ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ
- 15.3.18 ਵੀਰਵਾਰ:- 6.00 ਵੱਜੇ:- ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

16.3.18 ਸ਼ੁਕਰਵਾਰ:-

- 10.00 ਵਜ਼ੇ:- ਸੰਗਤ ਵੱਲੋਂ ਗੁਰਗੱਦੀ ਸ੍ਰੀ ਗੁਰੂ ਹਰ ਰਾਇ ਸਾਹਿਬ ਜੀ ਦੇ ਸਬੰਧ'ਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।

- 17.3.18 ਸ਼ਨਿਚਰਵਾਰ:Gurmat Day Camp on Saturday 17th March 2018. Start 9.30 AM -5.30 PM, 4.00 ਵਜ਼ੇ:- ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- 18.3.18 ਐਤਵਾਰ:-
10.00 **ਵਜ਼ੇ**: - ਸਾਧ ਸੰਗਤ ਵਲੋਂ ਗੁਰਗੱਦੀ ਸ੍ਰੀ ਗੁਰੂ ਹਰ ਰਾਇ ਸਾਹਿਬ ਜੀ ਦੇ **ਸਬੰਧ'ਚ** ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਉਪਰੰਤ ਭਾਈ ਸਵੱਰਨ ਬੀਰ ਸਿੰਘ ਜੀ ਹਾਜ਼ਰੀ ਭਰਨਗੇ।

- **Police surgery from 11.00 AM-13.00 PM**

ਮਾਰਚ

- **25 March Day Light Saving Time**
- **30 March Good Friday**
- 19 ਮਾਰਚ ਜੋਤੀ ਜੋਤ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
- 23 ਮਾਰਚ ਸ਼ਹੀਦੀ ਦਿਨ ਸ ਭਗਤ ਸਿੰਘ ਜੀ
- 25.3.18 **AGM**

**Note: - Day & Time to book wedding in the Gurdwara Sahib: - Wednesday: 11.00 AM –1.00 PM, Saturday: 11.00AM --1.00 PM, Sunday: 1.00PM--2.00PM. Contact S. Sadhu Singh Chhokar (General Secretary) 01274- 727938, Mob:- 07931833376**

- ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ ॥ ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ ॥ ਜਿਨਿ ਪਾਇਆ ਪ੍ਰਭੁ ਆਪਣਾ ਆਏ ਤਿਸਹਿ ਗਣਾ ॥ ਇਕੁ ਖਿਨੁ ਤਿਸੁ ਬਿਨੁ ਜੀਵਣਾ ਬਿਰਥਾ ਜਨਮੁ ਜਣਾ ॥ ਜਲਿ ਥਲਿ ਮਹੀਅਲਿ ਪੂਰਿਆ ਰਵਿਆ ਵਿਚਿ ਵਣਾ ॥ ਸੋ ਪ੍ਰਭੁ ਚਿਤਿ ਨ ਆਵਈ ਕਿਤੜਾ ਦੁਖੁ ਗਣਾ ॥ ਜਿਨੀ ਰਾਵਿਆ ਸੋ ਪ੍ਰਭੂ ਤਿੰਨਾ ਭਾਗੁ ਮਣਾ ॥ ਹਰਿ ਦਰਸਨ ਕੰਉ ਮਨੁ ਲੋਚਦਾ ਨਾਨਕ ਪਿਆਸ ਮਨਾ ॥ ਚੇਤਿ ਮਿਲਾਏ ਸੋ ਪ੍ਰਭੂ ਤਿਸ ਕੈ ਪਾਇ ਲਗਾ ॥੨॥ {ਪੰਨਾ 133}
- ਪਦਅਰਥ:- ਚੇਤਿ—ਚੇਤ ਦੇ ਮਹੀਨੇ ਵਿਚ । ਘਣਾ—ਬਹੁਤ । ਮਿਲਿ—ਮਿਲ ਕੇ । ਰਸਨਾ—ਜੀਭ । ਭਣਾ—ਉਚਾਰਨ । ਜਿਨਿ—ਜਿਸ ਮਨੁੱਖ ਨੇ । ਤਿਸਹਿ—ਉਸ ਨੂੰ । ਆਏ ਗਣਾ—ਆਇਆ ਸਮਝੋ । ਜਣਾ—ਜਾਣੋ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ । ਮਣਾ—ਮਣਾ-ਮੂੰਹੀਂ, ਬਹੁਤ । ਕੰਉ—ਨੂੰ । ਮਨਾ—ਮਨਿ, ਮਨ ਵਿਚ । ਤਿਸ ਕੈ ਪਾਇ—ਉਸ ਮਨੁੱਖ ਦੇ ਪੈਰੀਂ । ਲਗਾ—ਲੱਗਾਂ, ਮੈਂ ਲੱਗਦਾ ਹਾਂ ।
- ਅਰਥ:- ਚੇਤ ਵਿਚ (ਬਸੰਤ ਰੁੱਤ ਆਉਂਦੀ ਹੈ, ਹਰ ਪਾਸੇ ਖਿੜੀ ਫੁਲਵਾੜੀ ਮਨ ਨੂੰ ਆਨੰਦ ਦੇਂਦੀ ਹੈ, ਜੇ) ਪਰਮਾਤਮਾ ਨੂੰ ਸਿਮਰੀਏ (ਤਾਂ ਸਿਮਰਨ ਦੀ ਬਰਕਤਿ ਨਾਲ) ਬਹੁਤ ਆਤਮਕ ਆਨੰਦ ਹੋ ਸਕਦਾ ਹੈ । ਪਰ ਜੀਭ ਨਾਲ ਪ੍ਰਭੂ ਦਾ ਨਾਮ ਜਪਣ ਦੀ ਦਾਤਿ ਸੰਤ ਜਨਾਂ ਨੂੰ ਮਿਲ ਕੇ ਹੀ ਪ੍ਰਾਪਤ ਹੁੰਦੀ ਹੈ । ਉਸੇ ਬੰਦੇ ਨੂੰ ਜਗਤ ਵਿਚ ਜੰਮਿਆ ਜਾਣੋ (ਉਸੇ ਦਾ ਜਨਮ ਸਫਲਾ ਸਮਝੋ) ਜਿਸ ਨੇ (ਸਿਮਰਨ ਦੀ ਸਹਾਇਤਾ ਨਾਲ)

ਆਪਣੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ (ਕਿਉਂਕਿ) ਪਰਮਾਤਮਾ ਦੀ ਯਾਦ ਤੋਂ ਬਿਨਾ ਇਕ ਖਿਨ ਮਾਤ੍ਰ ਸਮਾ ਗੁਜ਼ਾਰਿਆਂ ਭੀ ਜ਼ਿੰਦਗੀ ਵਿਅਰਥ ਬੀਤਦੀ ਜਾਣੋ ।

- ਜੇਹੜਾ ਪ੍ਰਭੂ ਪਾਣੀ ਵਿਚ ਧਰਤੀ ਵਿਚ ਅਕਾਸ਼ ਵਿਚ ਜੰਗਲਾਂ ਵਿਚ ਹਰ ਥਾਂ ਵਿਆਪਕ ਹੈ, ਜੇ ਐਸਾ ਪ੍ਰਭੂ ਕਿਸੇ ਮਨੁੱਖ ਦੇ ਹਿਰਦੇ ਵਿਚ ਨਾਹ ਵੱਸੇ, ਤਾਂ ਉਸ ਮਨੁੱਖ ਦਾ (ਮਾਨਸਕ) ਦੁੱਖ ਬਿਆਨ ਨਹੀਂ ਹੋ ਸਕਦਾ । (ਪਰ) ਜਿਨ੍ਹਾਂ ਬੰਦਿਆਂ ਨੇ ਉਸ (ਸਰਬ ਵਿਆਪਕ) ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਉਹਨਾਂ ਦਾ ਬੜਾ ਭਾਗ ਜਾਗ ਪੈਂਦਾ ਹੈ ।
- ਨਾਨਕ ਦਾ ਮਨ (ਭੀ ਹਰੀ ਦੇ ਦੀਦਾਰ ਨੂੰ ਤਾਂਘਦਾ ਹੈ, ਨਾਨਕ ਦੇ ਮਨ ਵਿਚ ਹਰੀ-ਦਰਸਨ ਦੀ ਪਿਆਸ ਹੈ । ਜੇਹੜਾ ਮਨੁੱਖ ਮੈਨੂੰ ਹਰੀ ਦਾ ਮਿਲਾਪ ਕਰਾ ਦੇਵੇ ਮੈਂ ਉਸ ਦੀ ਚਰਨੀਂ ਲੱਗਾਂਗਾ ।2।
- ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ ॥ ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ ॥ ਪੁਤ੍ਰ ਕਲਤ੍ਰ ਨ ਸੰਗਿ ਧਨਾ ਹਰਿ ਅਵਿਨਾਸੀ ਓਹੁ ॥ ਪਲਚਿ ਪਲਚਿ ਸਗਲੀ ਮੁਈ ਝੂਠੈ ਧੰਧੈ ਮੋਹੁ ॥ ਇਕਸੁ ਹਰਿ ਕੇ ਨਾਮ ਬਿਨੁ ਅਗੈ ਲਈਅਹਿ ਖੋਹਿ ॥ ਦਯੁ ਵਿਸਾਰਿ ਵਿਗੁਚਣਾ ਪ੍ਰਭ ਬਿਨੁ ਅਵਰੁ ਨ ਕੋਇ ॥ ਪ੍ਰੀਤਮ ਚਰਣੀ ਜੋ ਲਗੇ ਤਿਨ ਕੀ ਨਿਰਮਲ ਸੋਇ ॥ ਨਾਨਕ ਕੀ ਪ੍ਰਭ ਬੇਨਤੀ ਪ੍ਰਭ ਮਿਲਹੁ ਪਰਾਪਤਿ ਹੋਇ ॥ ਵੈਸਾਖੁ ਸੁਹਾਵਾ ਤਾਂ ਲਗੈ ਜਾ ਸੰਤੁ ਭੇਟੈ ਹਰਿ ਸੋਇ ॥੩॥ {ਪੰਨਾ 133}
- ਪਦਅਰਥ:- ਵੈਸਾਖਿ—ਵੈਸਾਖ ਵਿਚ । ਕਿਉ ਧੀਰਨਿ—ਕਿਵੇਂ ਧੀਰਜ ਕਰਨ? ਵਾਢਿਆ—ਪਤੀ ਤੋਂ ਵਿੱਛੁੜੀਆਂ ਹੋਈਆਂ । ਬਿਛੋਹੁ—ਵਿਛੋੜਾ । ਪ੍ਰੇਮ ਬਿਛੋਹੁ—ਪ੍ਰੇਮ ਦੀ ਅਣਹੋਂਦ । ਮਾਇਆ ਧੋਹੁ—ਧੋਹ ਰੂਪ ਮਾਇਆ, ਮਨ-ਮੋਹਣੀ ਮਾਇਆ । ਕਲਤ੍ਰ—ਇਸਤ੍ਰੀ । ਪਲਚਿ—ਫਸ ਕੇ, ਉਲਝ ਕੇ । ਸਗਲੀ—ਸਾਰੀ (ਸ੍ਰਿਸ਼ਟੀ) । ਧੰਧੈ ਮੋਹੁ—ਧੰਧੇ ਦਾ ਮੋਹ । ਖੋਹਿ ਲਈਅਹਿ—ਖੋਹੇ ਜਾਂਦੇ ਹਨ । ਆਗੈ—ਪਹਿਲਾਂ ਹੀ । ਦਯੁ—ਪਿਆਰਾ ਪ੍ਰਭੂ । ਵਿਗੁਚਣਾ—ਖ਼ੁਆਰ ਹੋਈਦਾ ਹੈ । ਸੋਇ—ਸੋਭਾ । ਪਰਾਪਤਿ ਹੋਇ—ਜਿਸ ਨਾਲ (ਮੇਰੇ) ਦਿਲ ਦੀ ਰੀਝ ਪੂਰੀ ਹੋ ਜਾਏ । ਸੰਤੁ ਹਰਿ—ਹਰੀ-ਸੰਤ । ਭੇਟੈ—ਮਿਲਿ ਪਏ ।
- ਅਰਥ:- (ਵੈਸਾਖੀ ਵਾਲਾ ਦਿਨ ਹਰੇਕ ਇਸਤ੍ਰੀ ਮਰਦ ਵਾਸਤੇ ਰੀਝਾਂ ਵਾਲਾ ਦਿਨ ਹੁੰਦਾ ਹੈ, ਪਰ) ਵੈਸਾਖ ਵਿਚ ਉਹਨਾਂ ਇਸਤ੍ਰੀਆਂ ਦਾ ਦਿਲ ਕਿਵੇਂ ਖਲੋਵੇ ਜੋ ਪਤੀ ਤੋਂ ਵਿੱਛੁੜੀਆਂ ਪਈਆਂ ਹਨ, ਜਿਨ੍ਹਾਂ ਦੇ ਅੰਦਰ ਪਿਆਰ (ਦੇ ਪ੍ਰਗਟਾਵੇ) ਦੀ ਅਣਹੋਂਦ ਹੈ, (ਇਸ ਤਰ੍ਹਾਂ ਉਸ ਜੀਵ ਨੂੰ ਧੀਰਜ ਕਿਵੇਂ ਆਵੇ ਜਿਸ ਨੂੰ) ਸੱਜਣ-ਪ੍ਰਭੂ ਵਿਸਾਰ ਕੇ ਮਨ-ਮੋਹਣੀ ਮਾਇਆ ਚੰਬੜੀ ਹੋਈ ਹੈ?